# ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਾਜ਼ਿਲਕਾ

ਲਾਧੂਕਾ ਦੇ ਸਰਕਾਰੀ ਸੀਨੀਅਰ ਸਕੈਂਡਰੀ ਸਕੂਲ ਵਿਖੇ ਲਗਾਇਆ ਕਾਨੂੰਨੀ ਸਾਖਰਤਾ ਸੈਮੀਨਾਰ

ਨਾਲਸਾ ਦੁਆਰਾ ਚਲਾਈਆਂ ਜਾ ਰਹੀਆਂ ਸਕੀਮਾਂ ਬਾਰੇ ਕੀਤਾ ਜਾਗਰੂਕ

ਘੱਟ ਆਮਦਨ ਵਾਲੇ ਲੋਕ ਉਠਾਉਣ ਕਾਨੂੰਨੀ ਸੇਵਾਵਾਂ ਦਾ ਲਾਭ

**ਫਾਜ਼ਿਲਕਾ 13 ਸਤੰਬਰ**

ਪੰਜਾਬ ਕਾਨੂੰਨੀ ਸੇਵਾਵਾਂ ਅਥਾਰਟੀ ਚੰਡੀਗੜ੍ਹ, ਜ਼ਿਲ੍ਹਾ ਅਤੇ ਸੈਸ਼ਨਜ਼ ਜੱਜ ਫਿਰੋਜ਼ਪੁਰ ਸ਼੍ਰੀ ਐਸ.ਕੇ. ਅਗਰਵਾਲ, ਵਧੀਕ ਜ਼ਿਲ੍ਹਾ ਅਤੇ ਸੈਸ਼ਨਜ ਜੱਜ-ਕਮ-ਚੇਅਰਪਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਫਾਜ਼ਿਲਕਾ ਸ਼੍ਰੀ ਲੱਛਮਣ ਸਿੰਘ ਦੇ ਦਿਸ਼ਾਂ-ਨਿਰਦੇਸ਼ਾਂ ਹੇਠ ਸਰਕਾਰੀ ਸੀਨੀਅਰ ਸਕੈਂਡਰੀ ਸਕੂਲ, ਲਾਧੂਕਾ ਵਿਖੇ ਕਾਨੂੰਨੀ ਸਾਖਰਤਾ ਸੈਮੀਨਾਰ ਦਾ ਆਯੋਜਨ ਕੀਤਾ ਗਿਆ।

ਇਸ ਮੌਕੇ ਸੀ.ਜੇ.ਐਮ-ਕਮ-ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਫਾਜ਼ਿਲਕਾ ਸ਼੍ਰੀ ਕੇ. ਕੇ. ਬਾਂਸਲ ਨੇ ਦੱਸਿਆ ਕਿ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਫਾਜ਼ਿਲਕਾ ਲੋਕਾਂ ਵਿੱਚ ਕਾਨੂੰਨੀ ਜਾਗਰੂਕਤਾ ਵਧਾਉਣ ਦਾ ਹਰ ਸੰਭਵ ਉਪਰਾਲਾ ਕਰ ਰਹੀ ਹੈ ਤਾਂ ਜੋ ਲੋਕ ਆਪਣੇ ਕਾਨੂੰਨੀ ਹੱਕਾ ਤੋਂ ਵਾਂਝੇ ਨਾ ਰਹਿ ਜਾਣ।ਉਨ੍ਹਾਂ ਨੇ ਬੱਚਿਆਂ ਨੂੰ ਦੱਸਿਆ ਕਿ ਕੋਈ ਵੀ ਵਿਅਕਤੀ ਜੋ ਅਨੁਸੂਚਿਤ ਜਾਤੀ ਨਾਲ ਸਬੰਧ ਰੱਖਦਾ ਹੋਵੇ, ਔਰਤ, ਹਿਰਾਸਤ ਵਿੱਚ ਵਿਅਕਤੀ, ਬੇਗਾਰ ਦਾ ਮਾਰਿਆ ਹੋਇਆ ਵਿਅਕਤੀ ਅਤੇ ਜਿਸ ਵਿਅਕਤੀ ਦੀ ਸਲਾਨਾ ਆਮਦਨ 1,50,000/- ਰੁਪਏ ਤੋਂ ਘੱਟ ਹੋਵੇ ਉਸ ਨੂੰ ਮੁਫ਼ਤ ਕਾਨੂੰਨੀ ਸੇਵਾ ਪ੍ਰਦਾਨ ਕੀਤੀ ਜਾਂਦੀ ਹੈ। ਉਨ੍ਹਾਂ ਦੱਸਿਆ ਕਿ ਮੁਫ਼ਤ ਕਾਨੂੰਨੀ ਸੇਵਾ ਵਿੱਚ ਵਕੀਲਾਂ ਦੀਆਂ ਸੇਵਾਵਾਂ, ਕੋਰਟ ਫੀਸ, ਗਵਾਹਾਂ ਦੇ ਖਰਚੇ ਆਦਿ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਅਦਾ ਕੀਤੇ ਜਾਂਦੇ ਹਨ।

ਸੀ.ਜੇ.ਐਮ ਬਾਂਸਲ ਨੇ ਅੱਗੇ ਦੱਸਿਆ ਕਿ ਪੰਜਾਬ ਸਰਕਾਰ ਦੁਆਰਾ ਅਪਰਾਧ ਪੀੜਤ ਮੁਆਵਜ਼ਾ ਸਕੀਮ 2011 ਦੇ ਤਹਿਤ ਵਿਕਟਿਮ ਮੁਆਵਜਾ ਕਮੇਟੀ ਫਾਜ਼ਿਲਕਾ ਦੇ ਤਹਿਤ ਜ਼ਰੂਰਤਮੰਦ ਲੋਕਾਂ ਨੂੰ ਮੁਆਵਜ਼ਾ ਦਿੱਤਾ ਜਾਂਦਾ ਹੈ।ਉਨ੍ਹਾਂ ਨਾਲਸਾ ਦੁਆਰਾ ਚਲਾਈਆਂ ਸਕੀਮਾਂ ਜਿਸ ਤਰ੍ਹਾਂ ਕਿ ਤੇਜ਼ਾਬ ਪੀੜਤ ਮੁਆਵਜ਼ਾ ਸਕੀਮ, ਸੀਨੀਅਰ ਸੀਟੀਜ਼ਨ ਸਕੀਮ, ਮੈਡੀਏਸ਼ਨ, ਲੋਕ ਅਦਾਲਤਾਂ, ਮੰਦ ਬੁੱਧੀ ਅਤੇ ਦਿਮਾਗੀ ਕਮਜ਼ੋਰ ਬੱਚਿਆਂ ਨੂੰ ਕਾਨੂੰਨੀ ਸੇਵਾਵਾਂ ਸਕੀਮ, ਡਰੱਗ ਦੀ ਦੁਰਵਰਤੋਂ ਅਤੇ ਨਸ਼ਾਖੋਰੀ ਦਾ ਖਾਤਮਾ ਕਰਨ ਲਈ ਕਾਨੂੰਨੀ ਸੇਵਾਵਾਂ ਅਤੇ ਬੱਚਿਆਂ ਦੇ ਕਾਨੂੰਨੀ ਹੱਕਾ ਆਦਿ ਬਾਰੇ ਵੀ ਦੱਸਿਆ।ਉਨ੍ਹਾਂ ਇਹ ਵੀ ਦੱਸਿਆ ਕਿ ਬੱਚੇ ਦੇਸ਼ ਦਾ ਭਵਿੱਖ ਵੀ ਹਨ ਅਤੇ ਇਹਨਾਂ ਤੱਕ ਜਾਣਕਾਰੀ ਪਹੁੰਚਾਉਣ ਨਾਲ ਹਰ ਵਰਗ ਤੱਕ ਪਹੁੰਚ

ਜਾਂਦੀ ਹੈ।

ਸੈਮੀਨਾਰ ਮੌਕੇ ਵਕੀਲ ਸ਼੍ਰੀ ਮਨੀਸ਼ ਸ਼ਰਮਾ, ਪੈਰਾ ਲੀਗਲ ਵਲੰਟੀਅਰਜ਼ ਸ਼੍ਰੀ ਲੀਲਾਧਰ ਸ਼ਰਮਾ, ਸ੍ਰੀ ਅਸ਼ੋਕ ਮੋਂਗਾ, ਸ. ਇੰਦਰਜ਼ੀਤ ਸਿੰਘ ਅਤੇ ਸ. ਪ੍ਰੀਤਮ ਸਿੰਘ ਨੇ ਵੀ ਬੱਚਿਆਂ ਨੂੰ ਸੰਬੋਧਨ ਕੀਤਾ।

